# ਕੈਂਪਾਂ ਦੌਰਾਨ 127 ਮਰੀਜ਼ਾਂ ਦਾ ਚੈੱਕਅਪ



*ਕੈਂਪ ਦੇ ਵੱਖ-ਵੱਖ ਦ੍ਰਿਸ਼।*

ਮਾਨਸਾ, 7 ਜੁਲਾਈ (ਜੱਸਲ)- ਜ਼ਿਲੇ ਦੇ ਪਿੰਡ ਬਣਾਂਵਾਲੀ ਵਿਖੇ ਬਣ ਰਹੇ ਥਰਮਲ ਪਲਾਂਟ ਦੀ ਪ੍ਰਬੰਧਕੀ ਕਮੇਟੀ ਵੇਦਾਂਤਾ ਵਲੋਂ ਨਜ਼ਦੀਕੀ ਪਿੰਡ ਕਰਮਗੜ੍ਹ ਔਤਾਂਵਾਲੀ ਤੇ ਕਮਾਲੂ ਵਿਖੇ ਮੈਡੀਕਲ ਚੈੱਕਅਪ ਕੈਂਪ ਲਗਾਏ ਗਏ, ਜਿਸ ਵਿਚ ਹਰ ਕਿਸਮ ਦੀਆਂ ਬੀਮਾਰੀਆਂ ਦਾ ਇਲਾਜ ਕੀਤਾ ਗਿਆ। ਇਸ ਮੌਕੇ ਡਾ. ਮੋਨਿਕਾ ਗੁਪਤਾ ਐੱਮ. ਡੀ. ਸਰਜਨ, ਡਾ. ਸਚਿਨ ਨੀਰਜ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਮਰੀਜ਼ਾਂ ਦਾ ਚੈੱਕਅਪ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰੀਤੀ ਰਾਵਤ ਨੇ ਦੱਸਿਆ ਕਿ ਕੈਂਪ ਦੌਰਾਨ ਪਿੰਡ ਕਰਮਗੜ੍ਹ ਔਤਾਂਵਾਲੀ ਵਿਖੇ 82 ਅਤੇ ਕਮਾਲੂ ਵਿਖੇ 45 ਮਰੀਜ਼ਾਂ ਦਾ ਚੈੱਕਅਪ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਕਰਮਗੜ੍ਹ ਔਤਾਂਵਾਲੀ ਦੇ ਫਤਿਹ ਵੈੱਲਫੇਅਰ ਕਲੱਬ ਦੇ ਪ੍ਰਧਾਨ ਸ਼ਮਸ਼ੇਰ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਸਰਪੰਚ ਗੁਰਮੇਲ ਸਿੰਘ, ਰਾਮ ਸ਼ਰਨ ਸਿੰਘ, ਪਵਨਜੋਤ ਕੌਰ, ਅਮਨਦੀਪ ਕੌਰ ਆਦਿ ਹਾਜ਼ਰ ਸਨ।